ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਮੋਗਾ

**ਸੂਚਨਾ ਦਾ ਅਧਿਕਾਰ ਐਕਟ-2005 ਸਰਕਾਰੀ ਦਫ਼ਤਰਾਂ ਦੇ ਕੰਮਾਂ 'ਚ ਪਾਰਦਰਸ਼ਤਾ ਲਿਆਉਣ ਲਈ ਹੋ ਰਿਹੈ ਕਾਰਗਰ ਸਾਬਤ-ਨਿਧੜਕ ਸਿੰਘ ਬਰਾੜ**

- **ਦੇਸ਼ ਦੇ ਹਰ ਨਾਗਰਿਕ ਨੂੰ ਇਸ ਐਕਟ ਤਹਿਤ ਸੂਚਨਾ ਲੈਣ ਦਾ ਅਧਿਕਾਰ**

**ਬੀਤੇ ਸਾਲ ਦੌਰਾਨ ਕਮਿਸ਼ਪਾਸ ਕੁੱਲ 49,657 ਦਰਖਾਸਤਾਂ ਪੁੱਜੀਆਂ, ਜਿੰਨ੍ਹਾਂ ਵਿੱਚੋਂ 47,282 ਦਰਖਾਸਤਾਂ ਦਾ ਹੋਇਆ ਨਿਪਟਾਰਾ**

**ਐਕਟ ਸਬੰਧੀ ਜ਼ਿਲ੍ਹਾ ਅਧਿਕਾਰੀਆਂ ਨੂੰ ਜਾਗਰੂਕ ਕਰਨ ਲਈ ਆਯੋਜਿਤ ਸੈਮੀਨਾਰ ਦੀ ਕੀਤੀ ਪ੍ਰਧਾਨਗੀ**

**ਸੂਚਨਾ ਦਾ ਅਧਿਕਾਰ ਐਕਟ ਲੋਕਤੰਤਰ ਦਾ ਥੰਮ ਅਤੇ ਅਧਿਕਾਰੀ ਐਕਟ ਦੀ ਪਾਲਣਾ ਨੂੰ ਯਕੀਨੀ ਬਣਾਉਣ-ਡਿਪਟੀ ਕਮਿਸ਼ਨਰ**

ਮੋਗਾ ਜਨਵਰੀ 5:

ਸੂਚਨਾ ਦਾ ਅਧਿਕਾਰ ਐਕਟ-2005 ਸਰਕਾਰੀ ਦਫ਼ਤਰਾਂ ਦੇ ਕੰਮਾਂ 'ਚ ਪਾਰਦਰਸ਼ਤਾ ਲਿਆਉਣ ਅਤੇ ਭ੍ਰਿਸ਼ਟਾਚਾਰ ਖਤਮ ਕਰਨ ਲਈ ਕਾਰਗਰ ਸਾਬਤ ਹੋ ਰਿਹਾ ਹੈ, ਕਿਉਂਕਿ ਇਸ ਐਕਟ ਤਹਿਤ ਹਰ ਅਧਿਕਾਰੀ ਪ੍ਰਾਰਥੀ ਨੂੰ ਮੰਗੀ ਗਈ ਸੂਚਨਾ ਮਿਥੇ ਸਮੇਂ ਅੰਦਰ ਦੇਣ ਲਈ ਜਵਾਬਦੇਹ ਹੈ।

ਇਹ ਪ੍ਰਗਟਾਵਾ ਰਾਜ ਸੂਚਨਾ ਕਮਿਸ਼ਨਰ ਪੰਜਾਬ ਸ. ਨਿਧੱੜਕ ਸਿੰਘ ਬਰਾੜ ਨੇ ਅੱਜ ਸਥਾਨਕ ਮੀਟਿੰਗ ਹਾਲ ਵਿਖੇ ਜ਼ਿਲ੍ਹਾ ਅਧਿਕਾਰੀਆਂ ਨੂੰ ਸੂਚਨਾ ਦਾ ਅਧਿਕਾਰ ਐਕਟ-2005 ਸਬੰਧੀ ਜਾਣਕਾਰੀ ਦੇਣ ਲਈ ਆਯੋਜਿਤ ਸੈਮੀਨਾਰ ਦੀ ਪ੍ਰਧਾਨਗੀ ਕਰਦਿਆਂ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਸ. ਪਰਮਿੰਦਰ ਸਿੰਘ ਗਿੱਲ, ਸੀਨੀਅਰ ਪੁਲਿਸ ਕਪਤਾਨ ਸ. ਮੁਖਵਿੰਦਰ ਸਿੰਘ ਭੁੱਲਰ ਅਤੇ ਵਧੀਕ ਡਿਪਟੀ ਕਮਿਸ਼ਨਰ ਅਰਵਿੰਦ ਪਾਲ ਸਿੰਘ ਸੰਧੂ ਵੀ ਮੌਜੂਦ ਸਨ।

ਸ. ਬਰਾੜ ਨੇ ਦੱਸਿਆ ਕਿ ਭਾਰਤ ਇੱਕ ਲੋਕਤੰਤ੍ਰਿਕ ਦੇਸ਼ ਹੈ ਅਤੇ ਲੋਕਤੰਤਰ ਸ਼ਬਦ ਦੀ ਸਾਰਥਿਕਤਾ ਲਈ ਇਹ ਜ਼ਰੂਰੀ ਹੈ ਕਿ ਲੋਕ ਸਰਕਾਰ ਦੇ ਕੰਮਾਂ 'ਚ ਪਾਰਦਰਸ਼ਤਾ ਲਿਆਉਣ ਲਈ ਲੋੜੀਂਦੀ ਜਾਣਕਾਰੀ ਹਾਸਲ ਕਰ ਸਕਣ।ਉਨ੍ਹਾਂ ਕਿਹਾ ਕਿ ਦੇਸ਼ ਦੇ ਹਰ ਨਾਗਰਿਕ ਨੂੰ ਇਸ ਐਕਟ ਤਹਿਤ ਸੂਚਨਾ ਲੈਣ ਦਾ ਅਧਿਕਾਰ ਹੈ। ਉਨ੍ਹਾਂ ਵਰਕਸ਼ਾਪ ਵਿੱਚ ਹਾਜ਼ਰ ਸਮੂਹ ਅਧਿਕਾਰੀਆਂ ਨੂੰ ਪ੍ਰੇਰਣਾ ਦਿੰਦਿਆਂ ਕਿਹਾ ਕਿ ਇਸ ਐਕਟ ਸਬੰਧੀ ਉਨ੍ਹਾਂ 'ਤੇ ਵੱਡੀ ਜ਼ਿੰਮੇਵਾਰੀ ਹੈ ਅਤੇ ਇਸ ਸਬੰਧੀ ਉਨ੍ਹਾਂ ਨੂੰ ਅਵੇਸਲਾ ਨਹੀਂ ਹੋਣਾ ਚਾਹੀਦਾ। ਉਨ੍ਹਾਂ ਦੱਸਿਆ ਕਿ ਸਬੰਧਤ ਅਧਿਕਾਰੀ ਨੂੰ ਪ੍ਰਾਰਥੀ ਵੱਲੋਂ ਮੰਗੀ ਗਈ ਸੂਚਨਾ ਉਸਨੂੰ ਨਿਰਧਾਰਤ ਸਮੇਂ ਅੰਦਰ ਬਿਨ੍ਹਾਂ ਕਿਸੇ ਦੇਰੀ ਦੇ ਦੇਣੀ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਪ੍ਰਾਰਥੀ ਦੀ ਤਸੱਲੀ ਕਰਵਾਉਣਾ ਵੀ ਹਰ ਅਧਿਕਾਰੀ ਦਾ ਫ਼ਰਜ਼ ਹੈ। ਉਨ੍ਹਾਂ ਜ਼ਿਲ੍ਹਾ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਅਧਿਕਾਰੀ ਐਕਟ ਦੇ ਨਿਯਮਾਂ ਤਹਿਤ ਪ੍ਰਾਰਥੀ ਦੀ ਤਸੱਲੀ ਅਨੁਸਾਰ ਜਵਾਬ ਦੇਣ ਦੀ ਹਰ ਸੰਭਵ ਕੋਸ਼ਿਸ ਕਰਨ, ਤਾਂ ਜੋ ਮੋਗਾ ਜ਼ਿਲ੍ਹੇ ਦਾ ਕੋਈ ਵੀ ਅਧਿਕਾਰੀ ਕਮਿਸ਼ਨ ਦੇ ਦਰਵਾਜ਼ੇ ਤੱਕ ਨਾ ਪਹੁੰਚੇ। ਉਨ੍ਹਾਂ ਅਧਿਕਾਰੀਆਂ ਨੂੰ ਹਰ ਸਰਕਾਰੀ ਦਫ਼ਤਰ ਦੇ ਬਾਹਰ ਸੂਚਨਾ ਅਧਿਕਾਰ ਐਕਟ ਸਬੰਧੀ ਡਿਸਪਲੇਅ ਬੋਰਡ ਲਗਾਉਣ ਦੀ ਵੀ ਹਦਾਇਤ ਕੀਤੀ। ਉਨ੍ਹਾਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਬੇਲੋੜੀ ਸੂਚਨਾ ਮੰਗਣ ਤੋਂ ਗੁਰੇਜ਼ ਕਰਨ। ਬਾਅਦ ਵਿੱਚ ਸ. ਬਰਾੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬੀਤੇ ਸਾਲ ਦੌਰਾਨ ਇਸ ਐਕਟ ਤਹਿਤ ਕਮਿਸ਼ਨ ਪਾਸ ਕੁੱਲ 49,657 ਦਰਖਾਸਤਾਂ ਪ੍ਰਾਪਤ ਹੋਈਆਂ, ਜਿੰਨਾਂ ਵਿੱਚੋਂ 47,282 ਦਰਖਾਸਤਾਂ ਦਾ ਨਿਪਟਾਰਾ ਹੋ ਚੁੱਕਾ ਹੈ।

ਡਿਪਟੀ ਕਮਿਸ਼ਨਰ ਮੋਗਾ ਸ. ਪਰਮਿੰਦਰ ਸਿੰਘ ਗਿੱਲ ਨੇ ਦੱਸਿਆ ਕਿ 2005 'ਚ ਲਾਗੂ ਕੀਤਾ ਗਿਆ ਸੂਚਨਾ ਦਾ ਅਧਿਕਾਰ ਐਕਟ ਲੋਕਤੰਤਰ ਦਾ ਥੰਮ ਹੈ, ਜਿਸ ਤਹਿਤ ਆਮ ਨਾਗਰਿਕ ਨੂੰ ਸੂਚਨਾ ਲੈਣ ਦਾ ਅਧਿਕਾਰ ਹੈ। ਉਨ੍ਹਾਂ ਅਧਿਕਾਰੀਆਂ ਨੂੰ ਇਸ ਐਕਟ ਦੀ ਪਾਲਣਾ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਅਤੇ ਕਿਹਾ ਕਿ ਦਿੱਤੀ ਗਈ ਸੂਚਨਾ ਤੋਂ ਪ੍ਰਾਰਥੀ ਦੀ ਸਤੁੰਸ਼ਟੀ ਹੋਣੀ ਚਾਹੀਦੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਜ਼ਿਲ੍ਹੇ 'ਚੋ ਘੱਟ ਤੋਂ ਘੱਟ ਅਰਜ਼ੀਆਂ ਸੂਚਨਾ ਕਮਿਸ਼ਨ ਪਾਸ ਜਾਣ, ਜੋ ਕਿ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੋਵੇਗੀ ਅਤੇ ਇਸ ਸੈਮੀਨਾਰ ਲਗਾਉਣ ਦੇ ਮਕਸਦ ਦੀ ਕਾਮਯਾਬੀ ਵੀ ਹੋਵੇਗੀ। ਵਧੀਕ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਵਰਕਸ਼ਾਪ ਦੇ ਸ਼ੁਰੂ ਹੋਣ 'ਤੇ ਜੀ ਆਇਆਂ ਕਿਹਾ ਅਤੇ ਸੈਮੀਨਾਰ ਦੇ ਮੰਤਵ ਬਾਰੇ ਜਾਣਕਾਰੀ ਦਿੱਤੀ। ਅੰਤ ਵਿੱਚ ਜ਼ਿਲ੍ਹਾ ਮਾਲ ਅਫ਼ਸਰ ਸਵਿਤਾ ਰਾਣੀ ਨੇ ਮੁੱਖ ਮਹਿਮਾਨ ਅਤੇ ਅਧਿਕਾਰੀਆਂ ਦਾ ਧੰਨਵਾਦ ਕੀਤਾ।

------

ਨੰ: ਪੀ.ਆਰ(ਪ੍ਰੈ ਰੀ)2015/7

ਤਸਵੀਰਾਂ ਨੱਥੀ ਹਨ ਜੀ





